ਬਸੰਤੁ ਮਹਲਾ ੧ ॥ ਸਗਲ ਭਵਨ ਤੇਰੀ ਮਾਇਆ ਮੋਹ ॥ ਮੈ ਅਵਰੁ ਨ ਦੀਸੈ ਸਰਬ ਤੋਹ ॥ ਤੂ ਸੁਰਿ ਨਾਥਾ ਦੇਵਾ ਦੇਵ ॥ ਹਰਿ ਨਾਮੁ ਮਿਲੈ ਗੁਰ ਚਰਨ ਸੇਵ ॥ ੧॥ ਮੇਰੇ ਸੁੰਦਰ ਗਹਿਰ ਗੰਭੀਰ ਲਾਲ ॥ ਗੁਰਮੁਖਿ ਰਾਮ ਨਾਮ ਗੁਨ ਗਾਏ ਤੂ ਅਪਰੰਪਰੁ ਸਰਬ ਪਾਲ ॥੧॥ ਰਹਾਉ ॥ ਬਿਨੁ ਸਾਧ ਨ ਪਾਈਐ ਹਰਿ ਕਾ ਸੰਗੁ ॥ ਬਿਨੁ ਗੁਰ ਮੈਲ ਮਲੀਨ ਅੰਗੁ ॥ ਬਿਨੁ ਹਰਿ ਨਾਮ ਨ ਸੁਧੁ ਹੋਇ ॥ ਗੁਰ ਸਬਦਿ ਸਲਾਹੇ ਸਾਚੁ ਸੋਇ ॥੨॥ ਜਾ ਕਉ ਤੂ ਰਾਖਹਿ ਰਖਨਹਾਰ ॥ ਸਤਿਗੁਰੂ ਮਿਲਾਵਹਿ ਕਰਹਿ ਸਾਰ ॥ ਬਿਖੁ ਹਉਮੈ ਮਮਤਾ ਪਰਹਰਾਇ ॥ ਸਭਿ ਦੂਖ ਬਿਨਾਸੇ ਰਾਮ ਰਾਇ ॥੩॥ ਊਤਮ ਗਤਿ ਮਿਤਿ ਹਰਿ ਗੁਨ ਸਰੀਰ ॥ ਗੁਰਮਤਿ ਪ੍ਰਗਟੇ ਰਾਮ ਨਾਮ ਹੀਰ ॥ ਲਿਵ ਲਾਗੀ ਨਾਮਿ ਤਜਿ ਦੂਜਾ ਭਾਉ ॥ ਜਨ ਨਾਨਕ ਹਰਿ ਗੁਰੁ ਗੁਰ ਮਿਲਾਉ ॥੪॥੫॥ {ਪੰਨਾ 1169}

ਪਦਅਰਥ:- ਤੋਹ—ਤੇਰਾ (ਪ੍ਰਕਾਸ਼)। ਸੁਰਿ—ਦੇਵਤੇ।1।

ਲਾਲ—ਹੇ ਲਾਲ! ਗੁਰਮੁਖਿ—ਗੁਰੂ ਦੇ ਦੱਸੇ ਰਸਤੇ ਤੁਰ ਕੇ। ਸਰਬ ਪਾਲ—ਹੇ ਸਰਬ ਨੂੰ ਪਾਲਣ ਵਾਲੇ! ਅਪਰੰਪਰੁ—ਪਰੇ ਤੋਂ ਪਰੇ, ਬੇਅੰਤ।1। ਰਹਾਉ।

ਸਾਧ—ਗੁਰੂ। ਸੁਧੁ—ਪਵਿਤ੍ਰ।2।

ਸਾਰ—ਸੰਭਾਲ। ਬਿਖੁ—ਜ਼ਹਰ। ਪਰਹਰਾਇ—ਦੂਰ ਕਰਾ ਲੈਂਦਾ ਹੈ। ਸਭਿ—ਸਾਰੇ। ਰਾਮਰਾਇ—ਹੇ ਪ੍ਰਕਾਸ਼-ਰੂਪ ਪ੍ਰਭੂ!

ਗਤਿ—ਆਤਮਕ ਅਵਸਥਾ। ਹੀਰ—ਹੀਰਾ। ਤਜਿ—ਤਜ ਕੇ। ਦੂਜਾ ਭਾਉ—ਪ੍ਰਭੂ ਤੋਂ ਬਿਨਾ ਹੋਰ ਦਾ ਪਿਆਰ। ਗੁਰ ਮਿਲਾਉ—ਗੁਰੂ ਦਾ ਮਿਲਾਪ।4।

ਅਰਥ:- ਹੇ ਮੇਰੇ ਸੋਹਣੇ ਲਾਲ! ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ ਪ੍ਰਭੂ! ਹੇ ਸਭ ਜੀਵਾਂ ਨੂੰ ਪਾਲਣ ਵਾਲੇ ਪ੍ਰਭੂ! ਤੂੰ ਬੜਾ ਹੀ ਬੇਅੰਤ ਹੈਂ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਤੇਰੀ ਸਿਫ਼ਤਿ-ਸਾਲਾਹ ਕਰਦਾ ਹੈ।1। ਰਹਾਉ।

ਹੇ ਪ੍ਰਭੂ! ਸਾਰੇ ਭਵਨਾਂ ਵਿਚ (ਸਾਰੇ ਜਗਤ ਵਿਚ) ਤੇਰੀ ਮਾਇਆ ਦੇ ਮੋਹ ਦਾ ਪਸਾਰਾ ਹੈ। ਮੈਨੂੰ ਤੈਥੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ, ਸਭ ਜੀਵਾਂ ਵਿਚ ਤੇਰਾ ਹੀ ਪ੍ਰਕਾਸ਼ ਹੈ। ਤੂੰ ਦੇਵਤਿਆਂ ਦਾ ਨਾਥਾਂ ਦਾ ਭੀ ਦੇਵਤਾ ਹੈਂ। ਹੇ ਹਰੀ! ਗੁਰੂ ਦੇ ਚਰਨਾਂ ਦੀ ਸੇਵਾ ਕੀਤਿਆਂ ਹੀ ਤੇਰਾ ਨਾਮ ਮਿਲਦਾ ਹੈ।1।

ਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਦਾ ਸਾਥ ਪ੍ਰਾਪਤ ਨਹੀਂ ਹੁੰਦਾ, (ਕਿਉਂਕਿ) ਗੁਰੂ ਤੋਂ ਬਿਨਾ ਮਨੁੱਖ ਦਾ ਸਰੀਰ (ਵਿਕਾਰਾਂ ਦੀ) ਮੈਲ ਨਾਲ ਗੰਦਾ ਰਹਿੰਦਾ ਹੈ। ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਇਹ ਸਰੀਰ) ਪਵਿਤ੍ਰ ਨਹੀਂ ਹੋ ਸਕਦਾ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ।2।

ਹੇ ਰੱਖਣਹਾਰ ਪ੍ਰਭੂ! ਜਿਸ ਨੂੰ ਤੂੰ ਆਪ (ਵਿਕਾਰਾਂ ਤੋਂ) ਬਚਾਂਦਾ ਹੈਂ, ਜਿਸ ਨੂੰ ਤੂੰ ਗੁਰੂ ਮਿਲਾਂਦਾ ਹੈਂ ਤੇ ਜਿਸ ਦੀ ਤੂੰ ਸੰਭਾਲ ਕਰਦਾ ਹੈਂ, ਉਹ ਮਨੁੱਖ ਆਪਣੇ ਅੰਦਰੋਂ ਹਉਮੈ ਤੇ ਮਲਕੀਅਤਾਂ ਬਣਾਣ ਦੇ ਜ਼ਹਰ ਨੂੰ ਦੂਰ ਕਰ ਲੈਂਦਾ ਹੈ। ਹੇ ਰਾਮਰਾਇ! ਤੇਰੀ ਮੇਹਰ ਨਾਲ ਉਸ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ।3।

ਜਿਸ ਮਨੁੱਖ ਦੇ ਅੰਦਰ ਪ੍ਰਭੂ ਦੇ ਗੁਣ ਵੱਸ ਪੈਂਦੇ ਹਨ ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ ਉਹ ਫ਼ਰਾਖ਼-ਦਿਲ ਹੋ ਜਾਂਦਾ ਹੈ, ਗੁਰੂ ਦੀ ਮਤਿ ਤੇ ਤੁਰ ਕੇ ਉਸ ਦੇ ਅੰਦਰ ਪ੍ਰਭੂ-ਨਾਮ ਦਾ ਹੀਰਾ ਚਮਕ ਪੈਂਦਾ ਹੈ, ਮਾਇਆ ਦਾ ਪਿਆਰ ਤਿਆਗ ਕੇ ਉਸ ਦੀ ਸੁਰਤਿ ਪ੍ਰਭੂ ਦੇ ਨਾਮ ਵਿਚ ਜੁੜਦੀ ਹੈ।

ਹੇ ਪ੍ਰਭੂ! (ਮੇਰੀ ਤੇਰੇ ਦਰ ਤੇ ਅਰਦਾਸਿ ਹੈ ਕਿ) ਮੈਨੂੰ ਦਾਸ ਨਾਨਕ ਨੂੰ ਗੁਰੂ ਮਿਲਾ, ਗੁਰੂ ਦਾ ਮਿਲਾਪ ਕਰਾ ਦੇ।4।5।